

| ਸਬਜ਼ੀਆਂ | ਬਿਮਾਰੀਆਂ ਅਤੇ ਨਿਸ਼ਾਨੀਆਂ | ਰੋਕਥਾਮ ਦੇ ਢੰਗ |
|---|---|---|
| ਟਮਾਟਰ | ਅਗੇਤਾ ਝੁਲਸ ਰੋਗ:<br>ਕਾਲੇ ਭੂਰੇ ਰੰਗ ਦੇ ਧੱਬੇ, ਪੱਤਿਆਂ ਤੇ ਪੈ ਜਾਂਦੇ ਹਨ ਅਤੇ ਪੱਤੇ ਪੀਲੇ ਹੋ ਕੇ ਡਿੱਗ ਪੈਂਦੇ ਹਨ । ਟਮਾਟਰਾਂ ਉਤੇ ਵੀ ਗੂੜ੍ਹੇ ਰੰਗ ਦੇ ਗੋਲ ਧੱਬੇ ਪੈ ਜਾਂਦੇ ਹਨ ਅਤੇ ਫ਼ਲ ਗਲ ਜਾਂਦੇ ਹਨ ।<br>  | ੳ) ਬੀਜ ਰੋਗ ਰਹਿਤ ਫ਼ਲਾਂ ਤੋਂ ਲਓ ।<br>ਅ) ਬੀਜਣ ਤੋਂ ਪਹਿਲਾਂ ਬੀਜ ਨੂੰ ਕੈਪਟਨ ਜਾਂ ਥੀਰਮ ਦਵਾਈ (3 ਗ੍ਰਾਮ ਪ੍ਰਤੀ ਕਿਲੋ ਬੀਜ ਦੇ ਹਿਸਾਬ) ਨਾਲ ਸੋਧ ਕੇ ਬੀਜੋ ।<br>ੲ) ਪਨੀਰੀ ਨੂੰ ਖੇਤਾਂ ਵਿਚ ਲਾਉਣ ਪਿਛੋਂ 10 ਤੋਂ 15 ਦਿਨਾਂ ਦੀ ਵਿੱਥ ਤੇ 600 ਗ੍ਰਾਮ ਇੰਡੋਫਿਲ ਐਮ 45 ਦਵਾਈ ਪ੍ਰਤੀ ਏਕੜ ਦੇ ਹਿਸਾਬ ਛਿੜਕੋ । ਛਿੜਕਾਅ ਵਿਚ ਵਕਫਾ 7 ਦਿਨ, ਬਿਮਾਰੀ ਦੇ ਹੱਲੇ ਮੁਤਾਬਿਕ ਕੀਤਾ ਜਾ ਸਕਦਾ ਹੈ। |
| | ਪਿਛੇਤਾ ਝੁਲਸ ਰੋਗ :<br>ਪਾਣੀ ਭਿੱਜੇ ਗੂੜ੍ਹੇ ਧੱਬੇ ਪੱਤਿਆਂ ਅਤੇ ਤਣੇ ਉੱਤੇ ਪੈ ਜਾਂਦੇ ਹਨ । ਜੇਕਰ ਫ਼ਰਵਰੀ-ਮਾਰਚ ਵਿਚ ਵਰਖਾ ਹੋ ਜਾਵੇ ਤਾਂ ਫ਼ਲ ਤੇ ਵੀ ਮਾੜਾ ਅਸਰ ਪੈਂਦਾ ਹੈ ਅਤੇ ਫ਼ਸਲ ਤਬਾਹ ਹੋ ਜਾਂਦੀ ਹੈ ।<br> | ਇਸ ਬਿਮਾਰੀ ਦੀ ਰੋਕਥਾਮ ਲਈ ਅਗੇਤੇ ਝੁਲਸ ਰੋਗ ਵਾਲੀਆਂ ਦਵਾਈਆਂ ਹੀ ਫ਼ਰਵਰੀ-ਮਾਰਚ ਵਿਚ ਮੀਂਹ ਪੈਣ ਤੋਂ ਤੁਰੰਤ ਪਿਛੋਂ ਛਿੜਕੋ । ਬਿਮਾਰੀ ਦੇ ਗੰਭੀਰ ਹਮਲੇ ਦੀ ਹਾਲਤ ਵਿਚ ਫ਼ਸਲ ਤੇ ਰਿਡੋਮਿਲ ਐਮ ਜ਼ੈੱਡ 500 ਗ੍ਰਾਮ ਪ੍ਰਤੀ ਏਕੜ 200 ਲਿਟਰ ਪਾਣੀ ਵਿਚ ਘੋਲ ਕੇ ਅੱਧ ਫ਼ਰਵਰੀ ਵਿਚ ਸਪਰੇਅ ਕਰੋ । ਬਾਅਦ ਵਿਚ ਤਿੰਨ ਸਪੇਰਅ ਇੰਡੋਫਿਲ ਐਮ-45 (600 ਗ੍ਰਾਮ) ਪ੍ਰਤੀ ਏਕੜ, ਸੱਤ ਦਿਨ ਦੇ ਵਕਫੇ ਤੇ ਛਿੜਕੋ । |
| | ਉਖੇੜਾ ਰੋਗ :<br>ਇਸ ਰੋਗ ਕਾਰਨ ਨਰਸਰੀ ਵਿਚ ਪੌਦੇ ਉੱਗਣ ਤੋਂ ਪਹਿਲਾਂ ਜਾਂ ਪਿਛੋਂ ਮਰ ਜਾਂਦੇ ਹਨ ।<br> | ੳ) ਬੀਜ ਨੂੰ ਕੈਪਟਾਨ ਜਾਂ ਥੀਰਮ ਦਵਾਈ (3 ਗ੍ਰਾਮ ਪ੍ਰਤੀ ਕਿਲੋ ਬੀਜ ਦੇ ਹਿਸਾਬ) ਨਾਲ ਸੋਧ ਕੇ ਬੀਜੋ ।<br>ਅ) ਪਨੀਰੀ ਵਾਲੀਆਂ ਕਿਆਰੀਆਂ ਨੂੰ ਪਨੀਰੀ ਉੱਗਣ ਤੋਂ 5-7 ਦਿਨਾਂ ਪਿਛੋਂ 0.4 ਪ੍ਰਤੀਸ਼ਤ ਕੈਪਟਾਨ ਜਾਂ ਥੀਰਮ ਦਵਾਈ (400 ਗ੍ਰਾਮ ਦਵਾਈ 100 ਲਿਟਰ ਪਾਣੀ ਵਿਚ) ਨਾਲ ਗੜੁੱਚ ਕਰ ਲਓ । ਜੇ ਲੋੜ ਜਾਪੇ ਤਾਂ 7-10 ਦਿਨਾਂ ਪਿਛੋਂ ਏਸੇ ਤਰ੍ਹਾਂ ਫਿਰ ਕਰੋ । |


| | | |
|---|---|---|
| | ਠੂਠੀ ਰੋਗ :<br>ਇਸ ਵਿਸ਼ਾਣੂੰ ਰੋਗ ਨਾਲ ਪੱਤੇ ਥੱਲੇ ਨੂੰ ਮੁੜ ਜਾਂਦੇ ਹਨ ਅਤੇ ਗੂੜ੍ਹੇ ਹਰੇ ਰੰਗ ਦੇ ਹੋ ਜਾਂਦੇ ਹਨ । ਨਾੜੀਆਂ ਫੁੱਲ ਜਾਂਦੀਆਂ ਹਨ । ਪੌਦੇ ਝਾੜੀ ਜਿਹੇ ਬਣ ਜਾਂਦੇ ਹਨ, ਫ਼ਲ ਅਤੇ ਫੁੱਲ ਬਹੁਤ ਘੱਟ ਲੱਗਦੇ ਹਨ । ਇਹ ਰੋਗ ਚਿੱਟੀ ਮੱਖੀ ਰਾਹੀਂ ਫੈਲਦਾ ਹੈ ।<br><br>ਚਿਤਕਬਰਾ ਰੋਗ :<br>ਪੱਤਿਆਂ ਤੇ ਗੂੜ੍ਹੇ ਹਰੇ ਅਤੇ ਹਲਕੇ ਰੰਗ ਦੇ ਉਭਰੇ ਚਟਾਖ਼ ਪੈ ਜਾਂਦੇ ਹਨ । ਪੱਤੇ ਛੋਟੇ ਅਤੇ ਬੇਢਵੇ ਹੋ ਜਾਂਦੇ ਹਨ । ਇਹ ਵਿਸ਼ਾਣੂੰ ਰੋਗ ਬੀਜ ਅਤੇ ਤੇਲੇ ਰਾਹੀਂ ਫੈਲਦਾ ਹੈ ।<br> | ੳ) ਰੋਗੀ ਪੌਦੇ ਪੁੱਟ ਕੇ ਸਾੜ ਦੇਣੇ ਚਾਹੀਦੇ ਹਨ ।<br>ਅ) ਪੌਦਿਆਂ ਨੂੰ ਨਰਸਰੀ ਅਤੇ ਖੇਤ ਵਿਚ ਚਿੱਟੀ ਮੱਖੀ ਤੋਂ ਬਚਾਉਣ ਲਈ ਰੋਗਰ ਜਾਂ ਮੈਟਾਸਿਸਟਾਕਸ (ਇੱਕ ਮਿਲੀਲਿਟਰ ਦਵਾਈ ਪ੍ਰਤੀ ਲਿਟਰ ਪਾਣੀ ਵਿਚ ਪਾ ਕੇ) 10 ਦਿਨਾਂ ਦੇ ਵਕਫੇ ਤੇ ਛਿੜਕਾਅ ਕਰਨਾ ਚਾਹੀਦਾ ਹੈ ।<br><br>ੳ) ਬੀਜ ਰੋਗ ਰਹਿਤ ਫ਼ਸਲ ਤੋਂ ਲੈ ਕੇ ਬੀਜਣਾ ਚਾਹੀਦਾ ਹੈ ।<br>ਅ)ਪੌਦਿਆਂ ਨੂੰ ਘੱਟ ਤੋਂ ਘੱਟ ਛੂਹਣਾ ਚਾਹੀਦਾ ਹੈ ।<br>ੲ) ਤੇਲੇ ਦੀ ਰੋਕਥਾਮ ਲਈ ਇੱਕ ਮਿਲੀਲਿਟਰ ਰੋਗਰ 30 ਤਾਕਤ ਜਾਂ ਮੈਟਾਸਿਸਟਾਕਸ ਪ੍ਰਤੀ ਲਿਟਰ ਪਾਣੀ ਵਿਚ ਘੋਲ ਕੇ 10 ਦਿਨਾਂ ਦੇ ਵਕਫ਼ੇ ਤੇ ਛਿੜਕੋ। |
| | | |

| | | |
|---|---|---|
| ਖੀਰਾ, ਕਰੇਲਾ, ਕਾਲੀ ਤੋਰੀ, ਘੀਆ ਕੱਦੂ, ਟੀਂਡਾ, ਚੱਪਣ ਕੱਦੂ | ਚਿੱਟਾ ਰੋਗ :<br>ਇਸ ਰੋਗ ਦੇ ਕਾਰਨ ਪੌਦੇ ਦੇ ਪੱਤਿਆਂ, ਤਣਿਆਂ ਅਤੇ ਪੌਦੇ ਦੇ ਗੁੱਦੇਦਾਰ ਹਿੱਸਿਆਂ ਉਤੇ ਚਿੱਟਾ ਆਟੇ ਵਰਗਾ ਧੂੜਾ ਦਿਸਦਾ ਹੈ । ਜਦੋਂ ਮੌਸਮ ਖੁਸ਼ਕ ਹੋਵੇ ਤਾਂ ਇਹ ਰੋਗ ਜ਼ਿਆਦਾ ਵਧਦਾ ਹੈ । ਸਿੱਟੇ ਵਜੋਂ ਫ਼ਲ ਮਾੜੇ ਅਤੇ ਫਿਕੇ ਹੁੰਦੇ ਹਨ ।<br><br>ਪੀਲੇ ਧੱਬਿਆਂ ਦਾ ਰੋਗ :<br>ਇਸ ਦੇ ਹਮਲੇ ਕਾਰਨ ਸਭ ਤੋਂ ਪਹਿਲਾਂ ਪੱਤੇ ਦੇ ਹੇਠ ਪਾਣੀ ਭਿੱਜੇ ਧੱਬੇ ਦਿਖਾਈ ਦਿੰਦੇ ਹਨ । ਪੱਤੇ ਦੇ ਉਪਰੋਂ ਦੇਖਣ ਨਾਲ ਇਹ ਧੱਬੇ ਪੀਲੇ ਰੰਗ ਦੇ ਨਜ਼ਰ ਆਉਂਦੇ ਹਨ । ਪੱਤੇ ਦੇ ਹੇਠਾਂ ਸਲੇਟੀ ਰੰਗ ਦਾ ਮਾਦਾ ਪੈਦਾ ਹੋ ਜਾਂਦਾ ਹੈ । ਇਹ ਧੱਬੇ ਵਿਚਕਾਰੋਂ ਭੂਰੇ ਰੰਗ ਵਿਚ ਬਦਲ ਜਾਂਦੇ ਹਨ ਅਤੇ ਇਕ ਦੂਜੇ ਨਾਲ ਮਿਲ ਜਾਦੇ ਹਨ । ਪੱਤਾ ਉਪਰ ਵੱਲ ਮੁੜ ਜਾਂਦਾ ਹੈ । ਵੇਲਾਂ ਝੁਲਸੀਆਂ ਹੋਈਆਂ ਲੱਗਦੀਆਂ ਹਨ ।<br> | ਇਸ ਦੀ ਰੋਕਥਾਮ ਲਈ 50 ਤੋਂ 80 ਮਿਲੀਲਿਟਰ ਕੈਰਾਥੇਨ 25 ਈ ਸੀ ਦਾ ਛਿੜਕਾਅ ਪ੍ਰਤੀ ਏਕੜ ਦੇ ਹਿਸਾਬ ਕਰੋ ਅਤੇ ਹਰ 14 ਦਿਨਾਂ ਪਿਛੋਂ ਫਿਰ ਛਿੜਕਾਅ ਕਰ ਦਿਓ । ਪਹਿਲਾ ਛਿੜਕਾਅ ਬਿਮਾਰੀ ਜ਼ਾਹਰ ਹੋਣ ਤੇ ਕਰੋ ।<br>ੳ) ਫ਼ਸਲ ਤੇ 300-600 ਗ੍ਰਾਮ ਇੰਡੋਫਿਲ ਐਮ- 5/ਕਵੱਚ ਦਾ ਛਿੜਕਾਅ 100-200 ਲਿਟਰ ਪਾਣੀ ਵਿਚ ਪ੍ਰਤੀ ਏਕੜ ਦੇ ਹਿਸਾਬ ਫ਼ਸਲ ਦੇ ਵਾਧੇ ਮੁਤਾਬਿਕ ਕਰੋ । ਪਹਿਲਾ ਛਿੜਕਾਅ ਅਪ੍ਰੈਲ ਦੇ ਦੂਜੇ ਹਫ਼ਤੇ ਬਿਮਾਰੀ ਸ਼ੁਰੂ ਹੋਣ ਤੋਂ ਪਹਿਲਾਂ ਕਰੋ । ਇਸ ਤੋਂ ਬਾਅਦ ਹਫ਼ਤੇ-ਹਫ਼ਤੇ ਦੇ ਅੰਤਰ ਤੇ ਛੇ ਛਿੜਕਾਅ ਕਰੋ। ਬਾਰਸ਼ ਹੋਣ ਤੋਂ ਤੁਰੰਤ ਬਾਅਦ ਛਿੜਕਾਅ ਕਰੋ । ਬਿਮਾਰੀ ਦੇ ਜ਼ਿਆਦਾ ਖ਼ਤਰੇ ਦੀ ਹਾਲਤ ਵਿਚ ਤੀਜਾ ਤੇ ਚੌਥਾ ਛਿੜਕਾਅ ਇੰਡੋਫਿਲ ਐਮ-45/ਕਵੱਚ ਦੀ ਬਜਾਏ ਰਿਡੋਮਿਲ ਐਮ ਜੈੱਡ 500 ਗ੍ਰਾਮ ਜਾਂ ਏਲੀਐਟ 600 ਗ੍ਰਾਮ ਪ੍ਰਤੀ ਏਕੜ 200 ਲਿਟਰ ਪਾਣੀ ਵਿਚ ਘੋਲ ਕੇ 10 ਦਿਨਾਂ ਦੇ ਅੰਤਰ ਨਾਲ ਕਰੋ । ਬਾਅਦ ਵਿਚ ਇਕ ਛਿੜਕਾਅ ਇੰਡੋਫਿਲ ਐਮ-45/ਕਵੱਚ ਦਾ 600 ਗ੍ਰਾਮ ਪ੍ਰਤੀ ਏਕੜ ਕਰੋ ।<br>ਅ) ਸਰਦੀਆਂ ਵਾਲੀਆਂ ਕੱਦੂ ਜਾਤੀ ਦੀਆਂ ਵੇਲਾਂ ਬਾਅਦ ਵਿਚ ਨਸ਼ਟ ਕਰ ਦਿਓ।<br>ੲ) ਭਰਵੀਂ ਸਿੰਚਾਈ ਨਾ ਕਰੋ । |

| | | |
|---|---|---|
| | ਗਿੱਚੀ ਗਲਣੀ :<br>ਜ਼ਮੀਨ ਦੀ ਪੱਧਰ ਤੇ ਤਣੇ ਦੇ ਥੱਲਵੇਂ ਹਿੱਸੇ ਉਤੇ ਭੂਰੇ ਤੇ ਗਹਿਰੇ ਭੂਰੇ ਰੰਗ ਦੇ ਚਟਾਖ਼ ਪੈ ਜਾਂਦੇ ਹਨ । ਪੌਦਾ ਅੰਤ ਨੂੰ ਮਰ ਜਾਂਦਾ ਹੈ ਜਾਂ<br>ਉਖੇੜਾ ਰੋਗ ਪੌਦੇ ਨੂੰ ਹੋ ਜਾਂਦਾ ਹੈ ।<br> | ਇਸ ਦੀ ਰੋਕਥਾਮ ਲਈ ਇਕ ਕਿਲੋ ਬੀਜ ਨੂੰ 3 ਗ੍ਰਾਮ ਥੀਰਮ ਨਾਲ ਸੋਧ ਕੇ ਬੀਜੋ । |
| | ਤਣਾ ਗਲਣਾ :<br>ਪਾਣੀ ਭਰੇ ਧੱਬੇ ਤਣੇ ਦੇ ਦੁਆਲੇ ਹੋ ਜਾਂਦੇ ਹਨ ਤੇ ਹੇਠਾਂ ਅਤੇ ਉੱਪਰ ਵੱਲ ਵੱਧ ਕੇ ਤਣੇ ਨੂੰ ਗਾਲ ਦਿੰਦੇ ਹਨ । ਇਸ ਨਾਲ ਵੱਡੇ ਬੂਟੇ ਵੀ ਗਲ ਕੇ ਮਰ ਜਾਂਦੇ ਹਨ ਅਤੇ ਫ਼ਲ ਵੀ ਗਲ ਜਾਂਦਾ ਹੈ। | ਬੀਜ ਨੂੰ ਸੋਧ ਕੇ ਬੀਜੋ ਅਤੇ ਖੁੱਲ੍ਹਾ ਪਾਣੀ ਲਾਉਣ ਤੋਂ ਪ੍ਰਹੇਜ਼ ਕਰੋ। |
| | ਝੁਲਸ ਰੋਗ :<br>ਪੱਤਿਆਂ ਉਪਰ ਪੀਲੇ ਚਟਾਖ਼ ਦਿਸਦੇ ਹਨ ਜਿਹੜੇ ਗਹਿਰੇ ਭੂਰੇ ਹੋ ਕੇ ਫਿਰ ਕਾਲੇ ਪੈ ਜਾਂਦੇ ਹਨ । ਇਹ ਪੱਤਿਆਂ ਦੇ ਕੰਢਿਆਂ ਵੱਲੋਂ ਸ਼ੁਰੂ ਹੋ ਕੇ ਗੋਲ ਦਾਇਰੇ ਬਣਾਉਂਦੇ ਹਨ । ਜੇ ਬਿਮਾਰੀ ਦਾ ਹਮਲਾ ਬਹੁਤ ਹੋਵੇ ਤਾਂ ਫ਼ਸਲ ਸੜੀ ਹੋਈ ਲੱਗਦੀ ਹੈ । ਇਹ ਬਿਮਾਰੀ ਤਰਬੂਜ਼ ਤੇ ਵਧੇਰੇ ਹੁੰਦੀ ਹੈ ।<br> | ਇਸ ਬਿਮਾਰੀ ਨੂੰ ਰੋਕਣ ਲਈ 300 ਗ੍ਰਾਮ ਇੰਡੋਫਿਲ ਐਮ 45 ਨੂੰ 100 ਲਿਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਹਰ 10 ਤੋਂ 15 ਦਿਨਾਂ ਪਿਛੋਂ ਛਿੜਕੋ । |

| | | |
|---|---|---|
| | ਵਿਸ਼ਾਣੂੰ ਰੋਗ :<br>ਪੱਤਿਆਂ ਤੇ ਗੂੜ੍ਹੇ ਹਰੇ ਅਤੇ ਹਲਕੇ ਹਰੇ ਚਟਾਖ਼ ਪੈ ਜਾਂਦੇ ਹਨ, ਆਕਾਰ ਛੋਟਾ ਹੋ ਜਾਂਦਾ ਹੈ ਅਤੇ ਕਈ ਵਾਰ ਸੁੰਗੜਕੇ ਉਂਗਲੀਆਂ ਵਾਂਗ ਹੋ ਜਾਂਦੇ ਹਨ । ਫ਼ਲ ਬੇਢਵੇਂ ਅਤੇ ਘੱਟ ਲੱਗਦੇ ਹਨ ।<br><br>ਜੜ੍ਹਾਂ ਵਿਚ ਗੰਢਾਂ ਪੈਣਾ :<br>ਫ਼ਸਲ ਵਿਰਲੀ ਅਤੇ ਮਾੜੀ ਰਹਿੰਦੀ ਹੈ, ਪੱਤੇ ਪੀਲੇ ਅਤੇ ਛੋਟੇ ਰਹਿੰਦੇ ਹਨ । ਜੜ੍ਹਾਂ ਉਤੇ ਗੰਢਾਂ ਬਣ ਜਾਂਦੀਆਂ ਹਨ । ਹਮਲੇ ਵਾਲੀਆਂ ਵੇਲਾਂ ਛੇਤੀ ਮਰ ਜਾਂਦੀਆਂ ਹਨ ਅਤੇ ਦਿਨ ਵੇਲੇ ਛੇਤੀ ਮੁਰਝਾ ਜਾਂਦੀਆਂ ਹਨ । ਇਹ ਬਿਮਾਰੀ ਜ਼ਮੀਨ ਵਿਚੋਂ ਲੱਗਦੀ ਹੈ ।<br> | ਇਸ ਦੀ ਰੋਕਥਾਮ ਲਈ :<br>ੳ) ਬਿਮਾਰੀ ਰਹਿਤ ਫ਼ਸਲ ਦਾ ਬੀਜ ਵਰਤਣਾ ਚਾਹੀਦਾ ਹੈ ।<br>ਅ) ਬਿਮਾਰ ਵੇਲਾਂ ਨੂੰ ਪੁੱਟ ਕੇ ਨਸ਼ਟ ਕਰ ਦਿਓ ।<br>ੲ) ਤੇਲੇ ਦੀ ਰੋਕਥਾਮ ਲਈ ਸਿਫ਼ਾਰਸ਼ ਕੀਤੀਆਂ ਦਵਾਈਆਂ ਦਾ ਛਿੜਕਾਅ ਕਰੋ।<br><br>ਇਸ ਬਿਮਾਰੀ ਤੋਂ ਬਚਾਅ ਲਈ<br>(ੳ) ਜ਼ਮੀਨ ਨੂੰ ਮਈ-ਜੂਨ ਦੇ ਮਹੀਨੇ ਵਾਹ ਕੇ ਚੰਗੀ ਤਰ੍ਹਾਂ ਧੁੱਪ ਲੁਆਓ ।<br>(ਅ) ਬਿਮਾਰੀ ਵਾਲੀਆਂ ਜ਼ਮੀਨਾਂ ਵਿਚ ਝੋਨਾ, ਜਵੀ, ਕਣਕ ਅਤੇ ਤਾਰੇਮੀਰੇ ਨੂੰ ਫ਼ਸਲੀ ਚੱਕਰ ਵਿਚ ਲਿਆਓ । |
| | | |

| | | |
|---|---|---|
| ਭਿੰਡੀ | ਪੀਲੀਆ:<br>ਸਾਰੀਆਂ ਨਾੜਾਂ ਅਤੇ ਸ਼ਾਖਾਂ ਪੀਲੀਆਂ ਪੈ ਜਾਂਦੀਆਂ ਹਨ । ਬਾਅਦ ਵਿੱਚ ਪੱਤੇ ਹਰੇ ਮਾਦੇ ਤੋਂ ਰਹਿਤ ਹੋ ਜਾਂਦੇ ਹਨ । ਫ਼ਲ ਘੱਟ ਪੈਂਦੇ ਹਨ ।<br> | ਇਸ ਰੋਗ ਦਾ ਟਾਕਰਾ ਕਰਨ ਵਾਲੀਆਂ ਪੰਜਾਬ ਪਦਮਨੀ ਜਾਂ ਪੰਜਾਬ-7 ਜਾਂ ਪੰਜਾਬ-8 ਕਿਸਮਾਂ ਬੀਜੋ । ਬਿਮਾਰੀ ਨੂੰ ਫੈਲਾਉਣ ਵਾਲੀ ਚਿੱਟੀ ਮੱਖੀ ਦੀ ਰੋਕਥਾਮ ਕਰੋ । ਇਸ ਲਈ 560 ਮਿਲੀਲਿਟਰ ਮੈਲਾਥੀਆਨ 50 ਈ ਸੀ ਨੂੰ 100-125 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਛਿੜਕੋ। |
| | ਡੈਮਪਿੰਗ ਆਫ਼(ਉਖੇੜਾ):<br>ਬੂਟੇ ਉੱਗਣ ਤੋਂ ਪਹਿਲਾਂ ਤੇ ਪਿੱਛੋਂ ਮਰ ਜਾਂਦੇ ਹਨ ।<br> | ਇਕੱ ਕਿਲੋ ਬੀਜ ਨੂੰ ਤਿੰਨ ਗ੍ਰਾਮ ਕੈਪਟਾਨ ਜਾਂ ਥੀਰਮ ਦਵਾਈ ਨਾਲ, ਬੀਜਣ ਤੋਂ ਪਹਿਲਾਂ ਸੋਧ ਲਵੋ । |

| | | |
|---|---|---|
| | ਪੱਤਿਆਂ ਦੇ ਧੱਬਿਆਂ ਦਾ ਰੋਗ:<br>ਛੋਟੇ, ਭੂਰੇ ਕਾਲੇ ਧੱਬੇ ਪੱਤੇ ਦੇ ਦੋਵੇਂ ਪਾਸੇ ਪੈ ਜਾਂਦੇ ਹਨ । ਪੁਰਾਣੇ ਧੱਬੇ ਜੁੜ ਜਾਂਦੇ ਹਨ ਅਤੇ ਨਤੀਜੇ ਵੱਜੋਂ ਪੱਤੇ ਸੁੱਕ ਕੇ ਝੜ ਜਾਂਦੇ ਹਨ ।<br> | ਇਹ ਬਿਮਾਰੀ ਜੁਲਾਈ ਤੋਂ ਅਗਸਤ ਵਿੱਚ ਲੱਗਦੀ ਹੈ ਅਤੇ ਇਸ ਦੀ ਰੋਕਥਾਮ ਲਈ 200 ਗ੍ਰਾਮ ਬਾਵਿਸਟਨ ਦਾ ਛਿੜਕਾਅ ਪ੍ਰਤੀ ਏਕੜ 200 ਲਿਟਰ ਪਾਣੀ ਵਿੱਚ ਘੋਲ ਕੇ 14 ਦਿਨਾਂ ਦੇ ਵਕਫ਼ੇ ਤੇ ਬਿਮਾਰੀ ਦੀਆਂ ਨਿਸ਼ਾਨੀਆਂ ਦਿਸਣ ਤੇ ਕਰੋ ।ਤਿੰਨ ਛਿੜਕਾਅ ਕਾਫ਼ੀ ਹਨ । |